# ਦਫ਼ਤਰ ਨਗਰ ਨਿਗਮ ਹੁਸ਼ਿਆਰਪੁਰ

# ਪ੍ਰੈਸ ਨੋਟ

## ਵਾਰਡ ਨੰ: 24 ਦੇ ਲਕਸ਼ਮੀ ਨਗਰ ਦੇ ਟਿਊਬਵੈਲ ਦੀ ਮੋਟਰ ਨਗਰ ਨਿਗਮ ਦੇ ਤਕਨੀਕੀ ਸਟਾਫ ਨੇ ਠੀਕ ਕਰਕੇ 20 ਘੰਟੇ ਦੇ ਅੰਦਰ ਪੀਣ ਵਾਲਾ ਪਾਣੀ ਕੀਤਾ ਬਹਾਲ

## ਮੁਹੱਲਾ ਵਾਸੀਆਂ ਨੇ ਕੌਂਸਲਰ, ਨਗਰ ਨਿਗਮ ਅਤੇ ਤਕਨੀਕੀ ਸਟਾਫ ਦਾ ਕੀਤਾ ਧੰਨਵਾਦ

ਹੁਸ਼ਿਆਰਪੁਰ 18 ਮਈ ਨਗਰ ਨਿਗਮ ਹੁਸ਼ਿਆਰਪੁਰ ਦੇ ਵਾਰਡ ਨੰ: 24 ਦੇ ਮੁਹੱਲਾ ਲਕਸ਼ਮੀ ਨਗਰ ਵਿਖੇ ਚੱਲ ਰਹੇ ਪੀਣ ਵਾਲੇ ਪਾਣੀ ਦਾ ਟਿਊਬਵੈਲ ਬੀਤੀ ਰਾਤ ਵੇਲੇ ਖਰਾਬ ਹੋਣ ਤੇ ਨਗਰ ਨਿਗਮ ਦੇ ਤਕਨੀਕੀ ਸਟਾਫ ਵੱਲੋਂ ਸਵੇਰੇ ਮੌਕੇ ਤੇ ਜਾ ਕੇ ਉਸ ਦੀ ਮੋਟਰ ਨੂੰ 20 ਘੰਟੇ ਦੀ ਲਗਾਤਾਰ ਮੇਹਨਤ ਕਰਕੇ ਬਦਲੀ ਕੀਤਾ ਅਤੇ ਮੁਹੱਲਾ ਵਾਸੀਆਂ ਨੂੰ ਇਸ ਟਿਊਬਵੈਲ ਰਾਹੀਂ ਪੀਣ ਵਾਲੇ ਪਾਣੀ ਦੀ ਸਪਲਾਈ ਬਹਾਲ ਕਰਨ ਤੇ ਮੁਹੱਲਾ ਵਾਸੀਆਂ ਨੇ ਵਾਰਡ ਨੰ: 24 ਦੇ ਕੌਂਸਲਰ ਬਿਕਰਮਜੀਤ ਸਿੰਘ ਕਲਸੀ, ਨਗਰ ਨਿਗਮ ਅਤੇ ਉਸ ਦੇ ਤਕਨੀਕੀ ਸਟਾਫ ਦਾ ਧੰਨਵਾਦ ਕੀਤਾ।

ਨਗਰ ਨਿਗਮ ਦੇ ਜੇ.ਈ. ਮਕੈਨੀਕਲ ਅਸ਼ਵਨੀ ਕੁਮਾਰ ਸ਼ਰਮਾ ਨੇ ਇਸ ਮੌਕੇ ਤੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਟਿਊਬਵੈਲ ਦੀ ਮੋਟਰ 2 ਸਾਲ ਵਿੱਚ ਪਹਿਲੀ ਬਾਰ ਖਰਾਬ ਹੋਈ ਹੈ ਅਤੇ ਇਸ ਸਬੰਧੀ ਜਾਣਕਾਰੀ ਮਿਲਦੇ ਸਾਰ ਹੀ ਇਸ ਦੀ ਮੋਟਰ ਨੂੰ ਤਬਦੀਲ ਕਰਕੇ ਨਵੀਂ ਮੋਟਰ ਲਗਾ ਕੇ ਪੀਣ ਵਾਲੇ ਪਾਣੀ ਦੀ ਸਪਲਾਈ ਬਹਾਲ ਕਰ ਦਿੱਤੀ ਗਈ ਹੈ। ਕੌਂਸਲਰ ਬਿਕਰਮਜੀਤ ਸਿੰਘ ਕਲਸੀ ਨੇ ਨਗਰ ਨਿਗਮ ਦੇ ਤਕਨੀਕੀ ਸਟਾਫ ਦਾ ਧੰਨਵਾਦ ਕਰਦੇ ਹੋਏ ਮੁਹੱਲਾ ਵਾਸੀਆਂ ਨੂੰ ਭਰੋਸਾ ਦੁਆਇਆ ਕਿ ਉਹਨਾਂ ਨੂੰ ਪੀਣ ਵਾਲੇ ਪਾਣੀ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ।

ਮੇਅਰ ਸ਼ਿਵ ਸੂਦ ਨੇ ਦੱਸਿਆ ਕਿ ਇਸ ਵੇਲੇ ਨਗਰ ਨਿਗਮ ਦੇ ਵੱਖ-ਵੱਖ ਵਾਰਡਾਂ ਵਿੱਚ 85 ਟਿਊਬਵੈਲ ਕੰਮ ਕਰ ਰਹੇ ਹਨ ਨਗਰ ਨਿਗਮ ਸ਼ਹਿਰ ਵਾਸੀਆਂ ਨੂੰ ਪੀਣ ਵਾਲਾ ਪਾਣੀ ਸਾਫ ਸੁਥਰਾ ਪਾਣੀ ਦੇਣ ਲਈ ਬਚੱਨਵੱਧ ਹੈ ਗਰਮੀ ਦੇ ਮੌਸਮ ਨੂੰ ਦੇਖਦੇ ਹੋਏ ਪੀਣ ਵਾਲੇ ਪਾਣੀ ਦੀ ਨਿਰਵਿਘਨ ਸਪਲਾਈ ਜਾਰੀ ਰਖੱਣ ਲਈ ਤਕਨੀਕੀ ਸਟਾਫ ਦੀ ਵਿਸ਼ੇਸ ਡਿਊਟੀ ਲਗਾਈ ਗਈ ਹੈ ਅਤੇ ਪੀਣ ਵਾਲੇ ਪਾਣੀ ਦੀ ਸਮੱਸਿਆ ਸਬੰਧੀ ਜਾਣਕਾਰੀ ਮਿਲਦੇ ਸਾਰ ਹੀ ਉਸ ਨੂੰ ਦੂਰ ਕੀਤਾ ਜਾਂਦਾ ਹੈ ਉਹਨਾਂ ਦੱਸਿਆ ਕਿ ਵਾਰਡ ਨੰ: 24 ਦੇ ਕੌਂਸਲਰ ਬਿਕਰਮਜੀਤ ਸਿੰਘ ਕਲਸੀ ਨੇ ਮੁਹੱਲਾ ਵਾਸੀਆਂ ਵੱਲੋਂ ਪੀਣ ਵਾਲੇ ਪਾਣੀ ਦੀ ਕਮੀ ਸਬੰਧੀ ਨਗਰ ਨਿਗਮ ਦੇ ਧਿਆਨ ਵਿੱਚ ਲਿਆਂਦਾ ਸੀ ਜਿਸ ਨੂੰ ਦੇਖਦੇ ਹੋਏ ਨਗਰ ਨਿਗਮ ਵੱਲੋਂ ਇਸ ਵਾਰਡ ਵਿੱਚ ਜਲਦੀ ਹੀ ਇਕ ਹੋਰ ਨਵਾਂ ਟਿਊਬਵੈਲ ਲਗਾਇਆ ਜਾ ਰਿਹਾ ਹੈ ਜਿਸ ਨਾਲ ਮੁਹੱਲਾ ਵਾਸੀਆਂ ਨੂੰ ਪੀਣ ਵਾਲੇ ਪਾਣੀ ਦੀ ਕੋਈ ਕਮੀ ਨਹੀਂ ਰਹੇਗੀ।

ਇਸ ਮੌਕੇ ਤੇ ਸੁਖਦੀਪ ਸਿੰਘ ਭੱਟੀ, ਕਿਰਪਾਲ ਸਿੰਘ ਸੈਣੀ, ਬੋਧਰਾਜ ਚੌਹਾਨ, ਤਰਸੇਮ ਸਿੰਘ ਲੰਬੜਦਾਰ, ਕੁਲਵੰਤ ਸਿੰਘ, ਜਗਜੀਤ ਸਿੰਘ, ਅਨਿਲ ਠਾਕੁਰ, ਨਵਦੀਪ ਸਿੰਘ, ਰਜਿੰਦਰ ਸਿੰਘ ਜੱਸੀ, ਹਰਦੇਵ ਕੌਰ, ਪਰਮਜੀਤ ਕੌਰ ਸੈਣੀ, ਸੁਖਵਿੰਦਰ ਕੌਰ, ਬਲਦੇਵ ਕੌਰ ਅਤੇ ਮੁਹੱਲਾ ਨਿਵਾਸੀ ਹਾਜ਼ਰ ਸਨ।